# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-02-2025**

ਵਿਦੇਸ਼ ਮੰਤਰੀ ਐਸ ਜੈਸ਼ੰਕਰ, ਅਮਰੀਕਾ ਤੋਂ ਭਾਰਤੀ ਨਾਗਰਿਕਾਂ ਦੇ ਦੇਸ਼ ਵਾਪਿਸ ਭੇਜੇ ਜਾਣ ਦੇ ਮੁੱਦੇ 'ਤੇ ਦੁਪਹਿਰ ਬਾਅਦ 2 ਵਜੇ ਰਾਜ ਸਭਾ ਵਿੱਚ ਬਿਆਨ ਦੇਣਗੇ। ਸਭਾ ਦੀ ਕਾਰਵਾਈ ਉਠਾਏ ਜਾਣ ਦੇ ਬਾਅਦ ਦੁਪਹਿਰ 12 ਵਜੇ ਜਿਉਂ ਹੀ ਸਭਾ ਮੁੜ ਜੁੜੀ ਤਾਂ ਸਭਾਪਤੀ, ਜਗਦੀਪ ਧਨਖੜ ਨੇ ਕਿਹਾ ਕਿ ਵਿਦੇਸ਼ ਮੰਤਰੀ ਇਸ ਮੁੱਦੇ 'ਤੇ ਬਿਆਨ ਦੇਣਗੇ. ਇਸ ਦੌਰਾਨ, ਅਮਰੀਕਾ ਤੋਂ ਭਾਰਤੀ ਨਾਗਰਿਕਾਂ ਨੂੰ ਦੇਸ਼ ਵਾਪਿਸ ਭੇਜੇ ਜਾਣ ਨੂੰ ਲੈ ਕੇ ਵਿਰੋਧੀ ਪਾਰਟੀਆਂ ਦੇ ਲਗਾਤਾਰ ਵਿਰੋਧ ਦਰਮਿਆਨ ਲੋਕ ਸਭਾ ਨੂੰ ਦੁਪਹਿਰ ਬਾਅਦ 2 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ ਏ । ਉਠਾਏ ਜਾਣ ਤੋਂ ਬਾਅਦ, ਦੁਪਹਿਰ 12 ਵਜੇ ਜਿਉਂ ਹੀ ਸਭਾ ਮੁੜ ਜੁੜੀ ਤਾਂ ਵਿਰੋਧੀ ਧਿਰ ਦੇ ਮੈਂਬਰਾਂ ਨੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ ਅਤੇ ਆਪਣਾ ਵਿਰੋਧ ਜਾਰੀ ਰੱਖਿਆ। ਉਹ ਸਭਾ ਦੇ ਐਨ ਵਿਚਕਾਰ ਆ

ਗਏ ਅਤੇ ਇਸ ਮੁੱਦੇ 'ਤੇ ਬਹਿਸ ਦੀ ਮੰਗ ਕੀਤੀ। ਇਸ ਮਾਮਲੇ 'ਤੇ ਚਰਚਾ ਦੀ ਮੰਗ ਕਰਦਿਆਂ ਵਿਰੋਧੀ ਪਾਰਟੀਆਂ ਨੇ ਵੀ ਸੰਸਦ ਭਵਨ ਦੇ ਬਾਹਰ ਧਰਨਾ ਦਿੱਤਾ। ਹੰਗਾਮੇ ਦੌਰਾਨ ਸਭਾ ਦੀ ਕਾਰਵਾਈ ਦੁਪਹਿਰ ਬਾਅਦ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ।

--------------------------------------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ 21ਵੀਂ ਪਸ਼ੂਧਨ ਗਣਨਾ ਨੂੰ ਫਰਵਰੀ ਦੇ ਅਖੀਰ ਤੱਕ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਨੇ । ਪਸ਼ੂਆਂ ਦੀਆਂ ਨਸਲਾਂ ਅਤੇ ਹੋਰ ਵਿਸ਼ੇਸ਼ਤਾਵਾਂ ਦੇ ਆਧਾਰ ‘ਤੇ ਸ਼੍ਰੇਣੀਬੱਧ ਕੀਤੇ ਗਏ ਪਸ਼ੂਆਂ ਦੀ ਗਿਣਤੀ ਸਬੰਧੀ ਸਟੀਕ ਡੇਟਾ ਇਕੱਤਰ ਕਰਨ ’ਤੇ ਜ਼ੋਰ ਦਿੰਦਿਆਂ, ਉਨ੍ਹਾਂ ਕਿਹਾ ਕਿ ਇਹ ਵਿਆਪਕ ਸਰਵੇਖਣ ਇੱਕ ਮਹੱਤਵਪੂਰਨ ਮਾਪਦੰਡ ਵਜੋਂ ਕੰਮ ਕਰੇਗਾ, ਜੋ ਪਸ਼ੂਧਨ ਖੇਤਰ ਦੀ ਮੌਜੂਦਾ ਸਥਿਤੀ ਨੂੰ ਉਜਾਗਰ ਕਰੇਗਾ । ਕੱਲ ਮੋਹਾਲੀ ਵਿਖੇ ਵਿਭਾਗ ਵੱਲੋਂ ਲਾਗੂ ਕੀਤੇ ਜਾ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਕਰਨ ਲਈ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਅਗਲੇ ਹਫ਼ਤੇ ਤੋਂ ਸੂਬੇ ਵਿੱਚ ਲੰਪੀ ਸਕਿਨ ਬਿਮਾਰੀ ਖਿਲਾਫ ਵਿਆਪਕ

ਟੀਕਾਕਰਨ ਮੁਹਿੰਮ ਸ਼ੁਰੂ ਕਰਨ ਦੇ ਵੀ ਹੁਕਮ ਦਿੱਤੇ। ਉਨ੍ਹਾਂ ਦੱਸਿਆ ਕਿ 25 ਲੱਖ ਗਊ ਵੰਸ਼ ਦੇ ਟੀਕਾਕਰਨ ਲਈ, ਗੌਟ ਪੌਕਸ ਵੈਕਸੀਨ ਦੀਆਂ ਖੁਰਾਕਾਂ ਖਰੀਦੀਆਂ ਗਈਆਂ ਨੇ । ਗੁਰਮੀਤ ਸਿੰਘ ਖੁੱਡੀਆਂ ਨੇ ਪਟਿਆਲਾ, ਅੰਮ੍ਰਿਤਸਰ, ਬਠਿੰਡਾ, ਸੰਗਰੂਰ, ਗੁਰਦਾਸਪੁਰ ਅਤੇ ਲੁਧਿਆਣਾ ਦੇ 6 ਵੈਟਰਨਰੀ ਪੋਲੀ-ਕਲੀਨਿਕਾਂ ਵਿੱਚ ਸ਼ੁਰੂ ਕੀਤੀਆਂ ਜਾਣ ਵਾਲੀਆਂ ਇਨਡੋਰ ਸੇਵਾਵਾਂ ਸਬੰਧੀ ਪ੍ਰਾਜੈਕਟ ਦੀ ਸਥਿਤੀ ਦਾ ਜਾਇਜ਼ਾ ਵੀ ਲਿਆ। ਇਹਨਾਂ ਸੇਵਾਵਾਂ ਵਿੱਚ ਗੰਭੀਰ ਬਿਮਾਰੀ ਪ੍ਰਬੰਧਨ, ਸਰਜਰੀਆਂ ਤੇ ਦੇਖਭਾਲ, ਲੈਬ ਟੈਸਟ, ਐਕਸ-ਰੇਅ ਅਤੇ ਅਲਟਰਾਸਾਊਂਡ ਸਹੂਲਤਾਂ ਸ਼ਾਮਲ ਨੇ । ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਮੰਤਰੀ ਨੂੰ ਜਾਣੂ ਕਰਵਾਇਆ ਕਿ ਕੁੱਲ 16 ਵੱਖ-ਵੱਖ ਕਿਸਮਾਂ ਦੇ ਜਾਨਵਰਾਂ ਅਤੇ ਪੋਲਟਰੀ ਦੀ ਗਿਣਤੀ ਕੀਤੀ ਜਾ ਰਹੀ ਏ । ਉਨ੍ਹਾਂ ਦੱਸਿਆ ਕਿ ਇਹ ਡਾਟਾ ਮੋਬਾਈਲ ਐਪਲੀਕੇਸ਼ਨ ਰਾਹੀਂ ਡਿਜੀਟਲ ਤੌਰ ’ਤੇ ਇਕੱਤਰ ਕੀਤਾ ਜਾ ਰਿਹਾ ਏ ।

--------------------------------------------------------------------

ਪੰਜਾਬ ਦੇ ਵਿਦਿਆਰਥੀਆਂ ਨੂੰ ਗੁਣਵੱਤਾ-ਭਰਪੂਰ ਸਿੱਖਿਆ ਪ੍ਰਦਾਨ ਕਰਨ, ਵਿਦਿਆਰਥੀਆਂ ਦੀ ਬਿਹਤਰ ਕਾਰਗੁਜ਼ਾਰੀ ਲਈ ਸਮੇਂ-ਸਮੇਂ ’ਤੇ

ਮਾਪਿਆਂ ਨੂੰ ਜਾਣਕਾਰੀ ਦੇਣ ਅਤੇ ਮਾਪਿਆਂ ਤੋਂ ਪ੍ਰਤੀਕਰਮ ਲੈ ਕੇ ਸਿੱਖਿਆ ਪ੍ਰਣਾਲੀ ਨੂੰ ਹੋਰ ਵਧੀਆ ਬਣਾਉਣ ਦੇ ਉਦੇਸ਼ ਨਾਲ, ਸਰਕਾਰ ਵੱਲੋਂ ਕੱਲ  ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ ਅੰਦਰ ਮਾਪੇ-ਅਧਿਆਪਕ ਮਿਲਣੀ ਕਰਵਾਈ ਗਈ ।ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜਿਲ੍ਹਾ ਪਠਾਨਕੋਟ ਦੇ 2 ਸਕੂਲਾਂ ਅੰਦਰ ਮਾਪੇ ਅਧਿਆਪਕ ਮਿਲਣੀ ਵਿਚ ਸਿਰਕਤ ਕੀਤੀ ।ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਮਾਪਿਆਂ ਨੇ ਸਰਕਾਰੀ ਸਕੂਲਾਂ ਅੰਦਰ ਦਿੱਤੀ ਜਾ ਰਹੀ ਸਿੱਖਿਆ ’ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਏ । ਉਨ੍ਹਾਂ ਦੱਸਿਆ ਕਿ ਸਰਕਾਰੀ ਹਾਈ ਸਕੂਲ, ਸਰਨਾ ਵਿਖੇ ਮਾਪਿਆਂ ਨੇ ਖੇਡ ਮੈਦਾਨ ਵਿੱਚ ਭਰਤ ਪਾਉਣ ਦੀ ਮੰਗ ਰੱਖੀ ਏ ।  ਉਨ੍ਹਾਂ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਨੂੰ ਦਿਸਾ ਨਿਰਦੇਸ਼ ਦਿੱਤੇ ਕਿ ਸਬੰਧਤ ਵਿਭਾਗ ਨੂੰ ਕਹਿ ਕੇ ਸਕੂਲ ਮੈਦਾਨ ਵਿੱਚ ਮਿੱਟੀ ਪਾ ਕੇ ਇਸ ਨੂੰ ਤੁਰੰਤ ਉੱਚਾ ਕੀਤਾ ਜਾਵੇ। ਪਠਾਨਕੋਟ ਵਿੱਚ ਸਕੂਲਾਂ ਦੇ ਬੁਨਿਆਦੀ ਢਾਂਚਾ ਵਿਕਾਸ ਲਈ 2 ਕਰੋੜ 63 ਲੱਖ ਰੁਪਏ ਜਾਰੀ ਕੀਤੇ ।

--------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ, ਰੱਖਿਆ ਸੇਵਾਵਾਂ ਭਲਾਈ ਵਿਭਾਗ ਅਤੇ ਪੈਸਕੋ ਵਿਭਾਗਾਂ ਵੱਲੋਂ ਕੀਤੀਆਂ ਜਾ ਰਹੀਆਂ

ਗਤੀਵਿਧੀਆਂ ਦੀ ਸਮੀਖਿਆ ਕੀਤੀ ਅਤੇ ਵਿਭਾਗ ਵੱਲੋਂ ਸਾਬਕਾ ਸੈਨਿਕਾਂ ਅਤੇ ਉਹਨਾਂ ਦੇ ਆਸਰਿਤਾਂ ਲਈ ਚਲਾਈਆਂ ਜਾ ਰਹੀਆਂ ਵੱਖ ਵੱਖ ਯੋਜਨਾਵਾਂ ਨੂੰ ਪ੍ਰਭਾਸ਼ਾਲੀ ਢੰਗ ਲਾਗੂ ਕਰਨ ਲਈ ਨਿਰਦੇਸ਼ ਦਿੱਤੇ । ਮੰਤਰੀ ਨੇ ਵਿਭਾਗ ਅਧੀਨ ਆਉਂਦੇ ਸੈਨਿਕ ਰੈਸਟ ਹਾਊਸਾਂ ਦੀ ਵੀ ਰਿਪੋਰਟ ਲਈ ਅਤੇ ਉਹਨਾਂ ਨੂੰ ਹੋਰ ਬਿਹਤਰ ਬਣਾਉਣ ਲਈ ਲੋੜੀਂਦੇ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਚਾਲੂ ਵਿੱਤੀ ਸਾਲ ਦੋਰਾਨ ਸਰਕਾਰ ਵੱਲੋਂ ਅਲਾਟ ਕੀਤੇ ਗਏ ਬਜਟ ਅਤੇ ਅਗਲੇ ਵਿੱਤੀ ਸਾਲ 2025-26 ਦੇ ਬਜ਼ਟ ਬਾਰੇ ਵੀ ਚਰਚਾ ਕੀਤੀ ਗਈ ਤਾਂ ਜੋ ਸਰਕਾਰ ਵੱਲੋਂ ਸਾਬਕਾ ਸੈਨਿਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਲਈ ਲੋੜੀਂਦਾ ਬਜਟ ਉਪਲੱਬਧ ਕਰਵਾਇਆ ਜਾ ਸਕੇ। ਮੰਤਰੀ ਮੋਹਿੰਦਰ ਭਗਤ ਨੇ ਕਿਹਾ ਸਰਕਾਰ ਦਾ ਮੁੱਖ ਟੀਚਾ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਏ ।

---------------------------------------------------------------------

38ਵਾਂ ਉੱਤਰੀ ਜ਼ੋਨ ਅੰਤਰ-ਯੂਨੀਵਰਸਿਟੀ ਯੁਵਕ ਮੇਲਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਪੰਜ ਦਿਨਾਂ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਕਲਾਤਮਕ ਪ੍ਰਤਿਭਾ ਤੋਂ ਬਾਅਦ ਕੱਲ ਸਮਾਪਤ ਹੋ ਗਿਆ। ਭਾਰਤੀ ਯੂਨੀਵਰਸਿਟੀਆ ਬਾਰੇ ਐਸੋਸੀਏਸ਼ਨ ਤਹਿਤ ਕਰਵਾਏ ਸੱਭਿਆਚਾਰਕ ਮੇਲੇ ਵਿੱਚ ਉੱਤਰੀ ਭਾਰਤ ਦੀਆਂ 21 ਯੂਨੀਵਰਸਿਟੀਆਂ ਦੇ ਲਗਭਗ 1000 ਵਿਦਿਆਰਥੀਆਂ ਨੇ ਹਿੱਸਾ । ਸਮਾਪਤੀ ਸਮਾਗਮ ਵਿਚ ਐਸੋਸੀਏਸ਼ਨ ਦੇ ਵਧੀਕ ਸਕੱਤਰ ਮਮਤਾ ਰਾਣੀ ਅਗਰਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਉਨ੍ਹਾਂ ਭਾਗੀਦਾਰਾਂ ਦੇ ਸਮਰਪਣ ਲਈ ਸ਼ਲਾਘਾ ਕੀਤੀ ਅਤੇ ਉਹਨਾਂ ਨੂੰ ਅਕਾਦਮਿਕ ਦੇ ਨਾਲ-ਨਾਲ ਸੱਭਿਆਚਾਰਕ ਅਤੇ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ। ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਵਾਈਸ-ਚਾਂਸਲਰ ਪ੍ਰੋ: ਰੇਣੂ ਵਿਗ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸ਼ਾਨਦਾਰ ਪ੍ਰਤਿਭਾ ਦਿਖਾਉਣ ਲਈ ਸਾਰੇ ਭਾਗੀਦਾਰਾਂ ਦੀ ਤਾਰੀਫ਼ ਕੀਤੀ। ਓਵਰਆਲ ਚੈਂਪੀਅਨਜ਼ ਟਰਾਫੀ, ਚੰਡੀਗੜ੍ਹ ਯੂਨੀਵਰਸਿਟੀ ਨੂੰ ਜਦਕਿ ਪਹਿਲੀ ਓਵਰਆਲ ਰਨਰ-ਅੱਪ

ਟਰਾਫੀ,ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਦੂਜੀ ਓਵਰਆਲ ਰਨਰ-ਅੱਪ ਟਰਾਫੀ ਨਾਲ  ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਨਵਾਜ਼ਿਆ ਗਿਆ।

------------------------------------------------------------------

ਪ੍ਰਯਾਗਰਾਜ ਦੇ ਮਹਾਕੁੰਭ ਵਿੱਚ ਅੱਜ ਤੋਂ, ਜਨਜਾਤੀ ਸਭਿਆਚਾਰਕ ਸਮਾਗਮ-2025 ਦਾ ਆਯੋਜਨ ਕੀਤਾ ਜਾ ਰਿਹਾ ਏ । ਇਸ ਸਮਾਗਮ ਵਿੱਚ 15 ਲੱਖ ਤੋਂ ਵੱਧ ਲੋਕਾਂ ਦੇ ਆਉਣ ਦੀ ਉਮੀਦ ਏ । ਸਾਡੇ ਪੱਤਰਕਾਰ ਨੇ ਦੱਸਿਆ ਕਿ 6 ਦਿਨਾਂ ਦੇ ਤਿਉਹਾਰ ਦੌਰਾਨ, ਸਾਰੇ ਭਾਗੀਦਾਰ ਕਬਾਇਲੀ ਸੱਭਿਆਚਾਰ ਅਤੇ ਰਿਵਾਇਤਾਂ ਨੂੰ ਸੁਰੱਖਿਅਤ ਰੱਖਣ ਦਾ ਸੰਕਲਪ ਲੈਣਗੇ। ਬਿਰਸਾ ਮੁੰਡਾ ਦੀ 150ਵੀਂ ਜਨਮ ਵਰ੍ਹੇਗੰਢ ਮਨਾਉਣ ਲਈ, ਸਾਲ 2025 ਨੂੰ 'ਜਨਜਾਤੀਆ ਗੌਰਵ ਵਰਸ਼' ਵਜੋਂ ਐਲਾਨਿਆ ਗਿਆ ਏ ।  ਸਮਾਗਮ ਦੇ ਹਿੱਸੇ ਵਜੋਂ ਅੱਜ ਮਹਾਕੰਭ ਵਿਖੇ ਯੁਵਾ ਕੁੰਭ ਦਾ ਆਯੋਜਨ ਕੀਤਾ ਜਾ ਰਿਹਾ ਏ  ।  ਇਸ ਯੁਵਾ ਕੁੰਭ ਦੌਰਾਨ ਵੱਖ-ਵੱਖ ਸੂਬਿਆਂ ਦੇ 25 ਨੌਜਵਾਨਾਂ ਨੂੰ ਸਨਮਾਨਿਤ ਕੀਤਾ ਜਾਵੇਗਾ, ਜੋ ਕਬਾਇਲੀ  ਸਮਾਜ ਦੇ ਲੋਕਾਂ ਲਈ ਬੇਮਿਸਾਲ ਕੰਮ ਕਰ ਰਹੇ ਨੇ ।

------------------------------------------------------------------

ਬਠਿੰਡਾ ਦੇ ਸਰਕਾਰੀ ਪੋਲੀਟੈਕਨਿਕ ਕਾਲਜ ਵੱਲੋਂ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੌਰਾਨ ਸੜਕ ਸੁਰੱਚਖਿਆ ਵਿਸ਼ੇ ਤੇ ਇੱਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਸਬੰਧੀ ਜਾਗਰੂਕ ਕਰਨਾ ਸੀ। ਕਾਲਜ ਦੇ ਪ੍ਰਿੰਸੀਪਲ ਅਨੁਜਾ ਪ੍ਰਪਨੇਜਾ ਨੇ ਦੱਸਿਆ ਕਿ ਕਾਲਜ ਵੱਲੋਂ ਇਹ ਵਰਕਸ਼ਾਪ ਟ੍ਰੈਫਿਕ ਪੁਲਿਸ ਬਠਿੰਡਾ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਏ ਟ੍ਰੈਫਿਕ ਪੁਲਿਸ ਬਠਿੰਡਾ ਦੇ ਇੰਚਾਰਜ ਹਾਕਮ ਸਿੰਘ ਨੇ ਵਿਦਿਆਰਥੀਆਂ ਨੂੰ ਟ੍ਰੈਫਿਕ ਸਾਈਨ ਬਾਰੇ ਜਾਣਕਾਰੀ ਦਿੰਦਿਆਂ ਹਮੇਸਾਂ ਇਨ੍ਹਾਂ ਦੀ ਪਾਲਣਾ ਕਰਨ ਲਈ ਕਿਹਾ । ਉਹਨਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ, ਯੋਗ ਡਰਾਈਵਿੰਗ ਲਾਈਸੈਸ ਬਣਾਉਣ ਉਪਰੰਤ ਹੀ ਡਰਾਈਵਿੰਗ ਕਰਨ ਅਤੇ ਟ੍ਰੈਫਿਕ ਨਿਯਮਾਂ ਦੀ ਪੂਰਨ ਰੂਪ ਵਿੱਚ ਪਾਲਣਾ ਕਰਨ ।

-----------------------------------------------------------------

ਮਰਦਾਂ ਦੀ ਕ੍ਰਿਕਟ ਵਿੱਚ ਭਾਰਤ ਅਤੇ ਇੰਗਲੈਂਡ ਵਿਚਾਲੇ ਤਿੰਨ ਮੈਚਾਂ ਦੀ ਇੱਕ ਰੋਜ਼ਾ ਕੌਮਾਂਤਰੀ ਕ੍ਰਿਕਟ ਲੜੀ ਦਾ ਪਹਿਲਾ ਮੈਚ ਅੱਜ ਨਾਗਪੁਰ ਵਿੱਚ ਖੇਡਿਆ ਜਾਵੇਗਾ। ਮੈਚ ਹੁਣ ਤੋਂ ਥੋੜੀ ਦੇਰ ਬਾਅਦ ਡੇਢ ਵਜੇ ਸ਼ੁਰੂ

ਹੋਵੇਗਾ। ਦੋਵੇਂ ਟੀਮਾਂ ਇਸ ਮਹੀਨੇ ਦੇ ਅਖੀਰ ਵਿੱਚ ਚੈਂਪੀਅਨਜ਼ ਟਰਾਫੀ ਦੀ ਸ਼ੁਰੂਆਤ ਤੋਂ ਪਹਿਲਾਂ, ਇੱਕ ਰੋਜ਼ਾ ਮੈਚਾਂ ਵਿੱਚ ਆਪਣੇ ਪ੍ਰਦਰਸ਼ਨ ਵਿੱਚ ਸੁਧਾਰ ਕਰਨ ਦੀ ਕੋਸ਼ਿਸ਼ ਕਰਨਗੀਆਂ। ਭਾਰਤ ਨੇ ਹਾਲ ਹੀ ਵਿੱਚ, ਇੰਗਲੈਂਡ ਨੂੰ ਪੰਜ ਮੈਚਾਂ ਦੀ ਟਵੈਂਟੀ -ਟਵੈਂਟੀ ਲੜੀ ਵਿੱਚ 4-1 ਨਾਲ ਹਰਾਇਆ ਸੀ।